# ਮਾਰੂ ਮਹਲਾ ੫ ॥

ਅਲਹ ਅਗਮ ਖੁਦਾਈ ਬੰਦੇ ॥ ਛੋਡਿ ਖਿਆਲ ਦੁਨੀਆ ਕੇ ਧੰਧੇ ॥ ਹੋਇ ਪੈ ਖਾਕ ਫਕੀਰ ਮੁਸਾਫਰੁ ਇਹੁ ਦਰਵੇਸੁ ਕਬੂਲੁ ਦਰਾ ॥ ੧ ॥ ਸਚੁ ਨਿਵਾਜ ਯਕੀਨ ਮੁਸਲਾ ॥ ਮਨਸਾ ਮਾਰਿ ਨਿਵਾਰਿਹੁ ਆਸਾ ॥ ਦੇਹ ਮਸੀਤਿ ਮਨੁ ਮਉਲਾਣਾ ਕਲਮ ਖੁਦਾਈ ਪਾਕੁ ਖਰਾ ॥ ੨ ॥ ਸਰਾ ਸਰੀਅਤਿ ਲੇ ਕੰਮਾਵਹੁ ॥ ਤਰੀਕਤਿ ਤਰਕ ਖੋਜਿ ਟੋਲਾਵਹੁ ॥ ਮਾਰਫਤਿ ਮਨੁ ਮਾਰਹੁ ਅਬਦਾਲਾ ਮਿਲਹੁ ਹਕੀਕਤਿ ਜਿਤੁ ਫਿਰਿ ਨ ਮਰਾ ॥ ੩ ॥ ਕੁਰਾਣੁ ਕਤੇਬ ਦਿਲ ਮਾਹਿ ਕਮਾਹੀ ॥ ਦਸ ਅਉਰਾਤ ਰਖਹੁ ਬਦ ਰਾਹੀ ॥ ਪੰਚ ਮਰਦ ਸਿਦਕਿ ਲੇ ਬਾਧਹੁ ਖੈਰਿ ਸਬੂਰੀ ਕਬੂਲ ਪਰਾ ॥ ੪ ॥ ਮਕਾ ਮਿਹਰ ਰੋਜਾ ਪੈ ਖਾਕਾ ॥ ਭਿਸਤੁ ਪੀਰ ਲਫਜ ਕਮਾਇ ਅੰਦਾਜਾ ॥ ਹੂਰ ਨੂਰ ਮੁਸਕੁ ਖੁਦਾਇਆ ਬੰਦਗੀ ਅਲਹ ਆਲਾ ਹੁਜਰਾ ॥ ੫ ॥ ਸਚੁ ਕਮਾਵੈ ਸੋਈ ਕਾਜੀ ॥ ਜੋ ਦਿਲੁ ਸੋਧੈ ਸੋਈ ਹਾਜੀ ॥ ਸੋ ਮੁਲਾ ਮਲਊਨ ਨਿਵਾਰੈ ਸੋ ਦਰਵੇਸੁ ਜਿਸੁ ਸਿਫਤਿ ਧਰਾ ॥ ੬ ॥ ਸਭੇ ਵਖਤ ਸਭੇ ਕਰਿ ਵੇਲਾ ॥ ਖਾਲਕੁ ਯਾਦਿ ਦਿਲੈ ਮਹਿ ਮਉਲਾ ॥ ਤਸਬੀ ਯਾਦਿ ਕਰਹੁ ਦਸ ਮਰਦਨੁ ਸੁੰਨਤਿ ਸੀਲੁ ਬੰਧਾਨਿ ਬਰਾ ॥ ੭ ॥ ਦਿਲ ਮਹਿ ਜਾਨਹੁ ਸਭ ਫਿਲਹਾਲਾ ॥ ਖਿਲਖਾਨਾ ਬਿਰਾਦਰ ਹਮੂ ਜੰਜਾਲਾ ॥ ਮੀਰ ਮਲਕ ਉਮਰੇ ਫਾਨਾਇਆ ਏਕ ਮੁਕਾਮ ਖੁਦਾਇ ਦਰਾ ॥ ੮ ॥ ਅਵਲਿ ਸਿਫਤਿ ਦੂਜੀ ਸਾਬੂਰੀ ॥ ਤੀਜੈ ਹਲੇਮੀ ਚਉਥੈ ਖੈਰੀ ॥ ਪੰਜਵੈ ਪੰਜੇ ਇਕਤੁ ਮੁਕਾਮੈ ਏਹਿ ਪੰਜਿ ਵਖਤ ਤੇਰੇ ਅਪਰਪਰਾ ॥ ੯ ॥ ਸਗਲੀ ਜਾਨਿ ਕਰਹੁ ਮਉਦੀਫਾ ॥ ਬਦ ਅਮਲ ਛੋਡਿ ਕਰਹੁ ਹਥਿ ਕੂਜਾ ॥ ਖੁਦਾਇ ਏਕੁ ਬੁਝਿ ਦੇਵਹੁ ਬਾਂਗਾਂ ਬੁਰਗੂ ਬਰਖੁਰਦਾਰ ਖਰਾ ॥ ੧੦ ॥ ਹਕੁ ਹਲਾਲੁ ਬਖੋਰਹੁ ਖਾਣਾ ॥ ਦਿਲ ਦਰੀਆਉ ਧੋਵਹੁ ਮੈਲਾਣਾ ॥ ਪੀਰੁ ਪਛਾਣੈ ਭਿਸਤੀ ਸੋਈ ਅਜਰਾਈਲੁ ਨ ਦੋਜ ਠਰਾ ॥ ੧੧ ॥ ਕਾਇਆ ਕਿਰਦਾਰ ਅਉਰਤ ਯਕੀਨਾ ॥ ਰੰਗ ਤਮਾਸੇ ਮਾਣਿ ਹਕੀਨਾ ॥ ਨਾਪਾਕ ਪਾਕੁ ਕਰਿ ਹਦੂਰਿ ਹਦੀਸਾ ਸਾਬਤ ਸੂਰਤਿ ਦਸਤਾਰ ਸਿਰਾ ॥ ੧੨ ॥ ਮੁਸਲਮਾਣੁ ਮੋਮ ਦਿਲ ਹੋਵੈ ॥ ਅੰਤਰ ਕੀ ਮਲੁ ਦਿਲ ਤੇ ਧੋਵੈ ॥ ਦੁਨੀਆ ਰੰਗ ਨ ਆਵੈ ਨੇੜੈ ਜਿਉ ਕੁਸਮ ਪਾਟੁ ਘਿਉ ਪਾਕੁ ਹਰਾ ॥ ੧੩ ॥ ਜਾ ਕਉ ਮਿਹਰ ਮਿਹਰ ਮਿਹਰਵਾਨਾ ॥ ਸੋਈ ਮਰਦੁ ਮਰਦੁ ਮਰਦਾਨਾ ॥ ਸੋਈ ਸੇਖੁ ਮਸਾਇਕੁ ਹਾਜੀ ਸੋ ਬੰਦਾ ਜਿਸੁ ਨਜਰਿ ਨਰਾ ॥ ੧੪ ॥ ਕੁਦਰਤਿ ਕਾਦਰ ਕਰਣ ਕਰੀਮਾ ॥ ਸਿਫਤਿ ਮੁਹਬਤਿ ਅਥਾਹ ਰਹੀਮਾ ॥ ਹਕੁ ਹੁਕਮੁ ਸਚੁ ਖੁਦਾਇਆ ਬੁਝਿ ਨਾਨਕ ਬੰਦਿ ਖਲਾਸ ਤਰਾ ॥ ੧੫ ॥ ੩ ॥ ੧੨ ॥